# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ) ਮਾਨਸਾ

ਪ੍ਰਿੰਸੀਪਲ/ਮੁੱਖ ਅਧਿਆਪਕ

**ਮੰਨੂਵਾਟਿਕਾ ਡੇ-ਬੋਰਡਿੰਗ ਸੀਨੀ. ਸੈਕੰ. ਇੰਗਲਿਸ਼ ਮੀਡੀਅਮ ਸਕੂਲ,**

**ਬੁਢਲਾਡਾ,** ਜਿਲ੍ਹਾ ਮਾਨਸਾ ।

ਪੱਤਰ ਨੰ: ਲੇਖਾ-1/ ()2016-17/ 28921 ਮਿਤੀ ਮਾਨਸਾ 31.03.2017

ਵਿਸ਼ਾ: ਬੱਚਿਆ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ (4) ਅਧੀਨ, ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣਪੱਤਰ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਅਤੇ ਬਾਅਦ ਵਿਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਅਧੀਨ ਮੰਨੂਵਾਟਿਕਾ **ਡੇ-ਬੋਰਡਿੰਗ ਸੀਨੀ. ਸੈਕੰ.** ਇੰਗਲਿਸ਼ **ਮੀਡੀਅਮ ਸਕੂਲ, ਬੁਢਲਾਡਾ,** ਜਿਲ੍ਹਾ ਮਾਨਸਾ ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਮਾਨਤਾ ਦਿੱਤੀ ਜਾਂਦੀ ਹੈ।ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ/ਸਬੰਧਕਰਨ ਲਈ ਲਾਜਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010(ਸਾਰਣੀ-II) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਪਹਿਲੀ ਜਮਾਤ ਵਿਚ (ਜਾਂ ਪੂਰਵ ਸਕੂਲ ਜਮਾਤ ਵਿਚ, ਜੋ ਵੀ ਲਾਗੂ ਹੋਵੇ), ਜਮਾਤ ਦੀ ਕੁੱਲ ਸੰਖਿਆ ਦਾ 25 ਪ੍ਰਤੀਸ਼ਤ, ਕਮਜੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰ੍ਹਾ 3 ਵਿਚ ਦਿੱਤੇ ਬੱਚਿਆ ਲਈ ਐਕਟ ਦੀ ਧਾਰਾ 12 ਦੀ ਉਪ-ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿੱਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋ ਇਨਕਾਰ ਨਹੀ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ।
7. ਸਕੂਲ ਇਹ ਵੀ ਯਕੀਨੀ ਬਣਾਏਗਾ ਕਿ:-
   a) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿਚ ਵਾਪਸ ਨਹੀ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀ ਜਾਵੇਗਾ ਜਦੋ ਤੱਕ ਕਿ ਉਸ ਦੀ ਸਕੂਲ ਵਿਚ ਮੁੱਢਲੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
   b) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀ ਦਿੱਤੀ ਜਾਵੇਗੀ।
   c) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀ ਹੋਵੇਗੀ;
   d) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ ਨੂੰ ਨਿਯਮ 25 ਦੇ ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ;
   e) ਐਕਟ ਦੇ ਉਪਬੰਧਾ ਅਨੁਸਾਰ ਵਿਸ਼ੇਸ਼ ਜਰੂਰਤਾਂ/ਅਪੰਗ ਵਿਦਿਆਰਥੀਆਂ ਦੀ ਸਮੂਲੀਅਤ;
   f) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ। ਪ੍ਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਤੇ ਲਾਗੂ ਹੋਣ ਸਮੇ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀ ਕਰਦੇ, ਪੰਜ ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾਵਾ ਪ੍ਰਾਪਤ ਕਰਨਗੇ। ਟੀਚਿੰਗ ਅਤੇ ਨਾਨ ਟੀਜਿੰਗ ਸਟਾਫ ਸਟੇਟਮੈਂਟ ਨਾਲ ਨੱਥੀ ਕੀਤੀ ਜਾਵੇ।
   g) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਦੇ ਹੋਣ:
   h) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿਚ ਮਸ਼ਰੂਫ ਨਹੀ ਰੱਖਣਗੇ;

(8) ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉਚਿਤ ਅਥਰਾਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪਾਲਣਾ ਕਰਨਗੇ।

(9) ਸਕੂਲ ਐਕਟ ਦੀ ਧਾਰਾ 19 ਵਿਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ। ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ;-

(ੳ) ਸਕੂਲ ਕੈਂਪਸ ਦਾ ਖੇਤਰ:

(ਅ) ਕੁਲ ਇਮਾਰਤ ਅਧੀਨ ਖੇਤਰ:

(ੲ) ਖੇਡ ਦੇ ਮੈਦਾਨ ਦਾ ਖੇਤਰ:

(ਸ) ਕਲਾਸ ਦੇ ਕਮਰਿਆ ਦੀ ਗਿਣਤੀ:

Principal
Manu Vatika D. B. Sr. Sec. School
Affiliated to CBSE
Affi. No. 1630283, Sch. No. 20343
BUDHLADA (Mansa) PB.

**CHAIRMAN**
**MANU VATIKA SCHOOL**
**BUDHLADA -151502(PB)**